ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਮੋਗਾ

# ਬੇਟੀ ਬਚਾਓ ਬੇਟੀ ਪੜ੍ਹਾਓ ਤਹਿਤ ਭਰੇ ਜਾ ਰਹੇ ਨਕਲੀ ਫਾਰਮਾਂ ਤੋਂ ਸੁਚੇਤ ਰਹਿਣ ਲੋਕ-ਡੀ.ਸੀ. ਸੰਦੀਪ ਹੰਸ

- **ਡਿਪਟੀ ਕਮਿਸ਼ਨਰ ਨੇ 'ਬੇਟੀ ਬਚਾਓ ਬੇਟੀ ਪੜ੍ਹਾਓ' ਸਕੀਮ ਤਹਿਤ ਜ਼ਿਲ੍ਹਾ ਟਾਸਕ ਫੋਰਸ ਮੀਟਿੰਗ ਦੀ ਕੀਤੀ ਪ੍ਰਧਾਨਗੀ**
- **ਲੋਕਾਂ ਨੂੰ ਜਾਗਰੂਕ ਕਰਨ ਲਈ ਡਾਕਘਰਾਂ, ਆਂਗਣਵਾੜੀ ਕੇਂਦਰਾਂ ਅਤੇ ਕਿਤਾਬਾਂ ਦੀਆਂ ਦੁਕਾਨਾਂ ਦੇ ਨੇੜੇ ਬੋਰਡ ਲਗਾਉਣ ਦੀ ਕੀਤੀ ਹਦਾਇਤ**

ਮੋਗਾ 4 ਜੂਨ

'ਬੇਟੀ ਬਚਾਓ ਬੇਟੀ ਪੜ੍ਹਾਓ' ਸਕੀਮ ਤਹਿਤ ਕੁੱਝ ਗਲਤ ਅਨਸਰਾਂ ਅਤੇ ਗੈਰ ਸਰਕਾਰੀ ਸੰਗਠਨਾਂ ਵੱਲੋ ਆਮ ਲੋਕਾਂ ਨੂੰ ਗੁੰਮਰਾਹ ਕਰਕੇ ਗੈਰ ਕਾਨੂੰਨੀ ਢੰਗ ਨਾਲ ਨਕਲੀ ਫ਼ਾਰਮ ਵੇਚੇ ਜਾ ਰਹੇ ਹਨ, ਜ਼ਿਨ੍ਹਾਂ ਤੋ ਲੋਕਾਂ ਨੂੰ ਸੁਚੇਤ ਰਹਿਣ ਦੀ ਲੋੜ ਹੈ।

ਇਹ ਪ੍ਰੇਰਣਾ ਡਿਪਟੀ ਕਮਿਸ਼ਨਰ ਸ੍ਰੀ ਸੰਦੀਪ ਹੰਸ ਆਈ.ਏ.ਐਸ. ਨੇ 'ਬੇਟੀ ਬਚਾਓ ਬੇਟੀ ਪੜ੍ਹਾਓ' ਸਕੀਮ ਤਹਿਤ ਅੱਜ ਜ਼ਿਲ੍ਹਾ ਟਾਸਕ ਫੋਰਸ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਦਿੱਤੀ। ਇਸ ਮੌਕੇ ਵਧੀਕ ਡਿਪਟੀ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਰਜਿੰਦਰ ਬਤਰਾ ਐਸ.ਡੀ.ਐਮ. ਮੋਗਾ ਗੁਰਵਿੰਦਰ ਸਿੰਘ ਜੌਹਲ, ਐਸ.ਡੀ.ਐਮ. ਧਰਮਕੋਟ ਨਰਿੰਦਰ ਸਿੰਘ ਧਾਲੀਵਾਲ, ਐਸ.ਡੀ.ਐਮ. ਬਾਘਾਪੁਰਾਣਾ ਸਵਰਨਜੀਤ ਕੌਰ, ਐਸ.ਡੀ.ਐਮ. ਨਿਹਾਲ ਸਿੰਘ ਵਾਲਾ ਡਾ. ਮਨਦੀਪ ਕੌਰ ਅਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਅਮਰਜੀਤ ਸਿੰਘ ਭੁੱਲਰ ਵੀ ਮੌਜੂਦ ਸਨ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਸ੍ਰੀ ਸੰਦੀਪ ਹੰਸ ਨੇ ਦੱਸਿਆ ਕਿ ਭਾਰਤ ਸਰਕਾਰ ਦੇ ਇਸਤਰੀ ਤੇ ਬਾਲ ਵਿਕਾਸ ਮੰਤਰਾਲੇ ਦੇ ਨਾਮ ਹੇਠ ਕੁੱਝ ਗਲਤ ਅਨਸਰਾਂ ਵੱਲੋ 'ਬੇਟੀ ਬਚਾਓ ਬੇਟੀ ਪੜ੍ਹਾਓ' ਸਕੀਮ ਦੇ ਫਾਰਮ ਇਹ ਕਹਿ ਕੇ ਵੇਚੇ ਜਾ ਰਹੇ ਹਨ ਕਿ ਇਸ ਸਕੀਮ ਅਧੀਨ ਨਕਦ ਪੈਸਾ 8 ਤੋ 32 ਸਾਲ ਤੱਕ ਮਿਲਦਾ ਹੈ ਅਤੇ ਫਾਰਮ ਭਰਨ ਤੋਂ ਬਾਅਦ ਇਹ ਨਕਲੀ ਫਾਰਮ ਭਾਰਤ ਸਰਕਾਰ ਦੇ ਇਸਤਰੀ ਤੇ ਬਾਲ ਵਿਕਾਸ ਮੰਤਰਾਲੇ ਨੂੰ ਭੇਜੇ ਜਾ ਰਹੇ ਹਨ। ਉਨ੍ਹਾਂ ਸਪੱਸ਼ਟ ਕਰਦਿਆਂ ਕਿਹਾ ਕਿ 'ਬੇਟੀ ਬਚਾਓ ਬੇਟੀ ਪੜ੍ਹਾਓ' ਸਕੀਮ ਦੇ ਅਧੀਨ ਕਿਸੇ ਵੀ ਲਾਭਪਾਤਰੀ ਨੂੰ ਨਕਦ ਰਾਸ਼ੀ ਦੇਣ ਦੀ ਯੋਜਨਾ ਨਹੀ ਹੈ। ਇਸ ਸਕੀਮ ਦਾ ਮਕਸਦ 'ਬੇਟੀ ਬਚਾਓ ਬੇਟੀ ਪੜ੍ਹਾਓ' ਸਕੀਮ ਅਧੀਨ ਸਮਾਜ ਵਿੱਚ ਬੇਟੀਆ ਪ੍ਰਤੀ ਰੂੜੀਵਾਦੀ ਸੋਚ ਨੂੰ ਬਦਲਨਾ, ਪੀ.ਸੀ ਅਤੇ ਪੀ.ਐਨ.ਡੀ.ਟੀ ਕਾਨੂੰਨ ਨੂੰ ਸਖਤੀ ਨਾਲ ਲਾਗੂ ਕਰਨਾ ਅਤੇ ਬੇਟੀਆਂ ਦੀ ਸਿੱਖਿਆ ਨੂੰ ਅੱਗੇ ਵਧਾਉਣ ਲਈ ਜ਼ੋਰ ਦੇਣਾ ਹੈ। ਉਨ੍ਹਾਂ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਨੂੰ ਹਦਾਇਤ ਕੀਤੀ ਕਿ ਲੋਕਾਂ ਨੂੰ ਜਾਗਰੂਕ ਕਰਨ ਲਈ ਡਾਕਘਰਾਂ, ਆਂਗਣਵਾੜੀ ਕੇਂਦਰਾਂ ਅਤੇ ਕਿਤਾਬਾਂ ਦੀਆਂ ਦੁਕਾਨਾਂ ਦੇ ਨੇੜੇ ਬੋਰਡ ਲਗਾਏ ਜਾਣ।

ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਭਾਰਤ ਸਰਕਾਰ ਦੇ ਇਸਤਰੀ ਤੇ ਬਾਲ ਵਿਕਾਸ ਮੰਤਰਾਲੇ ਨੇ ਇਹ ਮੁੱਦਾ ਰਾਜ ਸਰਕਾਰ ਕੋਲ ਚੁੱਕਿਆ ਹੈ ਜਿਥੇ ਵੀ ਇਹ ਫਾਰਮ ਗੈਰ ਕਾਨੂੰਨੀ ਢੰਗ ਨਾਲ ਵੇਚੇ ਜਾ ਰਹੇ ਹਨ। ਉਨ੍ਹਾਂ ਕਿਹਾ ਮੰਤਰਾਲੇ ਵਲੋ ਕਈ ਵਾਰ ਪ੍ਰਿੰਟ ਮੀਡੀਆ ਅਤੇ ਇਲੈਕਟ੍ਰੋਨਿਕ ਮੀਡੀਆ ਵਿੱਚ ਵੀ ਇਹ ਜਾਣਕਾਰੀ ਦਿੱਤੀ ਗਈ ਹੈ ਕਿ ਅਜਿਹੀਆਂ ਧੋਖਾ-ਧੜੀ ਵਾਲੀਆ ਸਕੀਮਾਂ ਅਧੀਨ ਆਪਣੀ ਵਿਅਕਤੀਗਤ ਜਾਣਕਾਰੀ ਸਾਂਝੀ ਨਾ ਕਰਨ ਪਰ ਅਜੇ ਵੀ ਕੁੱਝ ਲੋਕ ਇਨ੍ਹਾਂ ਗੈਰ ਕਾਨੂੰਨੀ ਸਕੀਮਾਂ ਦੇ ਜਾਲ ਵਿੱਚ ਫਸ ਰਹੇ ਹਨ ਅਤੇ ਪੈਸੇ ਵੀ ਦੇ ਰਹੇ ਹਨ ਅਤੇ ਆਪਣੀ

ਵਿਅਕਤੀਗਤ ਜਾਣਕਾਰੀ ਵੀ ਪ੍ਰਦਾਨ ਕਰ ਰਹੇ ਹਨ ਜੋ ਕਿ 'ਬੇਟੀ ਬਚਾਓ ਬੇਟੀ ਪੜ੍ਹਾਓ' ਦੇ ਨਾਮ ਤੇ ਨਕਦ ਰਾਸ਼ੀ ਠੱਗਦੇ ਹਨ।

ਡਿਪਟੀ ਕਮਿਸ਼ਨਰ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਗੈਰਕਾਨੂੰਨੀ ਅਤੇ ਧੋਖਾ-ਧੜੀ ਵਾਲੀਆ ਸਕੀਮਾ ਦੇ ਜਾਲ ਵਿੱਚ ਨਾ ਫਸਣ ਅਤੇ ਨਾ ਹੀ ਇਹ ਗੈਰ ਕਾਨੂੰਨੀ ਫਾਰਮ ਭਰ ਕੇ ਭਾਰਤ ਸਰਕਾਰ ਦੇ ਇਸਤਰੀ ਤੇ ਬਾਲ ਵਿਕਾਸ ਮੰਤਰਾਲੇ ਨੂੰ ਭੇਜੇ ਜਾਣ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਦੇ ਧਿਆਨ ਵਿੱਚ ਆਉਦਾ ਹੈ ਕਿ ਕੋਈ ਗੈਰ ਕਾਨੂੰਨੀ ਢੰਗ ਨਾਲ 'ਬੇਟੀ ਬਚਾਓ ਬੇਟੀ ਪੜ੍ਹਾਓ' ਦੇ ਨਾਮ ਦੀ ਦੁਰਵਰਤੌਂ ਕਰ ਰਿਹਾ ਹੈ ਤਾਂ ਇਸ ਦੀ ਜਾਣਕਾਰੀ ਸਬੰਧਤ ਮਹਿਕਮੇ ਦੇ ਧਿਆਨ ਵਿੱਚ ਲਿਆਂਦੀ ਜਾਵੇ ਤਾਂ ਕਿ 'ਬੇਟੀ ਬਚਾਓ ਬੇਟੀ ਪੜ੍ਹਾਓ' ਸਕੀਮ ਦੇ ਨਾਮ 'ਤੇ ਧੋਖਾ-ਧੜੀ ਕਰਨ ਵਾਲੇ ਦੇ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾ ਸਕੇ। ਉਨ੍ਹਾਂ ਨੇ ਲੋਕਾਂ ਨੂੰ ਜਾਗਰੂਕ ਕਰਦਿਆਂ ਕਿਹਾ ਹੈ ਕਿ ਉਹ ਸਕੀਮ ਦੇ ਨਾਮ ਉਤੇ ਧੋਖਾਧੜੀ ਕਰਨ ਵਾਲਿਆਂ ਤੋਂ ਸਾਵਧਾਨ ਰਹਿਣ ਅਤੇ ਉਨ੍ਹਾਂ ਨਾਲ ਆਪਣੀ ਕੋਈ ਵੀ ਨਿੱਜੀ ਜਾਣਕਾਰੀ ਜਿਵੇਂ ਕਿ ਆਧਾਰ ਕਾਰਡ, ਬੈਂਕ ਖਾਤਾ, ਫੋਨ ਨੰਬਰ, ਈਮੇਲ ਆਦਿ ਸਾਂਝਾ ਨਾ ਕਰਨ। ਇਸ ਮੀਟਿੰਗ ਵਿੱਚ ਹੋਰਨਾਂ ਤੋ ਇਲਾਵਾ ਸਿਵਲ ਸਰਜਨ ਡਾ. ਜਸਪ੍ਰੀਤ ਕੌਰ, ਡੀ.ਐਸ.ਪੀ. ਵਰਿੰਦਰ ਸਿੰਘ ਗਿੱਲ, ਜ਼ਿਲ੍ਹਾ ਸਿੱਖਿਆ ਅਫ਼ਸਰ (ਐ) ਸਰਬਜੀਤ ਸਿੰਘ ਤੂਰ, ਉੱਪ ਜਿਲ੍ਹਾ ਸਿੱਖਿਆ ਅਫ਼ਸਰ (ਸ) ਪਰਗਟ ਸਿੰਘ, ਬਾਲ ਵਿਕਾਸ ਤੇ ਪ੍ਰੋਜੈਕਟ ਅਫ਼ਸਰ ਰਾਣਾ ਗੁਰਵਿੰਦਰ ਕੌਰ ਅਤੇ ਹੋਰ ਅਧਿਕਾਰੀ ਤੇ ਕ੍ਰਮਚਾਰੀ ਹਾਜ਼ਰ ਸਨ।

